**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ: 03-06-2024**

ਲੋਕ ਸਭਾ ਚੋਣਾਂ ਲਈ ਵੋਟਾਂ ਦੀ ਗਿਣਤੀ ਭਲਕੇ ਕੇਤੀ ਜਾਵੇਗੀ। ਆਂਧਰਾ ਪ੍ਰਦੇਸ਼ ਤੇ ਉੜੀਸਾ ਵਿਧਾਨ ਸਭਾ ਚੋਣਾਂ ਅਤੇ ਕੁਝ ਵਿਧਾਨ ਸਭਾ ਸੀਟਾਂ ਲਈ, ਉਪ ਚੋਣਾਂ ਲਈ ਵੋਟਾਂ ਦੀ ਗਿਣਤੀ ਵੀ ਕੱਲ੍ਹ ਹੀ ਹੋਵੇਗੀ। ਵੋਟਾਂ ਦੀ ਗਿਣਤੀ ਸਵੇਰੇ 8 ਵਜੇ ਸ਼ੁਰੂ ਹੋਵੇਗੀ। ਚੋਣ ਕਮਿਸ਼ਨ ਨੇ ਕਿਹਾ ਏ, ਕਿ ਵੋਟਾਂ ਦੀ ਗਿਣਤੀ ਦੇ ਰੁਝਾਨ ਅਤੇ ਨਤੀਜੇ ਕਮਿਸ਼ਨ ਦੀ ਵੈੱਬਸਾਈਟ results.eci.gov.in ਅਤੇ ਵੋਟਰ ਹੈਲਪ-ਲਾਈਨ ਐਪ 'ਤੇ ਵੀ ਉਪਲਬਧ ਹੋਣਗੇ।

---

ਏਧਰ ਪੰਜਾਬ ਦੇ ਸਾਰੇ ਹੀ 13 ਲੋਕਸਭਾ ਹਲਕਿਆਂ ਵਿੱਚ, ਇਲੈਕਟ੍ਰੋਨਿਕ ਵੋਟਿੰਗ ਮਸ਼ੀਨਾਂ EVMs ਨੂੰ ਸਟਰਾਂਗ ਰੂਮਾਂ ਵਿੱਚ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਰੱਖਿਆ ਗਿਆ ਏ । ਇਨਾਂ ਮਸ਼ੀਨਾਂ ਦੀ

ਸੁਰੱਖਿਆ ਲਈ ਸੂਬੇ ਦੇ ਸਾਰੇ ਸਟਰਾਂਗ ਰੂਮਾਂ ਦੇ ਬਾਹਰ ਅਰਧ ਸੈਨਿਕ ਬਲ ਅਤੇ ਹੋਰ ਸੁਰੱਖਿਆ ਟੀਮਾਂ 24 ਘੰਟੇ ਤਾਇਨਾਤ ਰਹਿਣਗੀਆਂ ਅਤੇ ਇਸ ਦੇ ਨਾਲ ਹੀ ਡਬਲ ਲਾਕ ਸਿਸਟਮ ਦਾ ਪ੍ਰਬੰਧ ਕੀਤਾ ਗਿਆ ਏ। ਇਸ ਤੋਂ ਇਲਾਵਾ ਸਟਰਾਂਗ ਰੂਮ ਦੇ ਆਲੇ-ਦੁਆਲੇ ਦੀ ਫੁਟੇਜ ਲਈ ਹਰੇਕ ਸਟਰਾਂਗ ਰੂਮ ਦੇ ਬਾਹਰ ਐਲ.ਈ.ਡੀ. ਸਕਰੀਨਾਂ ਲਗਾਈਆਂ ਗਈਆਂ ਨੇ। ਸਾਰੇ ਪ੍ਰੋਟੋਕੋਲਾਂ ਦੀ ਢੁੱਕਵੇਂ ਢੰਗ ਨਾਲ ਪਾਲਣਾ ਯਕੀਨੀ ਬਣਾਉਣ ਲਈ, ਅਧਿਕਾਰੀਆਂ ਵੱਲੋਂ ਸਟਰਾਂਗ ਰੂਮਾਂ ਦਾ ਨਿਰੀਖਣ ਕੀਤਾ ਜਾ ਰਿਹਾ ਏ।

---

ਉਧਰ ਪੰਜਾਬ ਦੇ 13 ਲੋਕ ਸਭਾ ਹਲਕਿਆਂ ਲਈ ਪਈਆਂ ਵੋਟਾਂ ਵਿੱਚ 62.80 ਫੀਸਦੀ ਵੋਟਿੰਗ ਦਰਜ ਕੀਤੀ ਗਈ ਏ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਪਹਿਲੀ ਜੂਨ ਨੂੰ ਦੇਰ ਰਾਤ ਮਿਲੇ ਅੰਕੜਿਆਂ ਅਨੁਸਾਰ ਬਠਿੰਡਾ ਵਿੱਚ ਸਭ ਤੋਂ ਵੱਧ 69.36 ਫੀਸਦੀ ਵੋਟਿੰਗ ਦਰਜ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਵਿੱਚ 56.06 ਫ਼ੀਸਦੀ, ਆਨੰਦਪੁਰ ਸਾਹਿਬ ਵਿੱਚ 61.98 ਫ਼ੀਸਦੀ, ਫਰੀਦਕੋਟ ਵਿੱਚ 63.34,

ਫਤਿਹਗੜ੍ਹ ਸਾਹਿਬ ਵਿੱਚ 62.5.3, ਫਿਰੋਜ਼ਪੁਰ ਵਿੱਚ 67.02, ਗੁਰਦਾਸਪੁਰ ਵਿੱਚ 66.67 ਅਤੇ ਹੁਸ਼ਿਆਰਪੁਰ ਵਿੱਚ 58.86 ਫ਼ੀਸਦੀ ਵੋਟਿੰਗ ਦਰਜ ਕੀਤੀ ਗਈ ਏ। ਉਨ੍ਹਾਂ ਦੱਸਿਆ ਕਿ ਜਲੰਧਰ ਵਿੱਚ 59.70 ਫ਼ੀਸਦੀ, ਖਡੂਰ ਸਾਹਿਬ ਵਿੱਚ 62.55 ਫ਼ੀਸਦੀ, ਲੁਧਿਆਣਾ ਵਿੱਚ 60.12 ਫ਼ੀਸਦੀ, ਪਟਿਆਲਾ ਵਿੱਚ 63.63 ਫ਼ੀਸਦੀ ਅਤੇ ਸੰਗਰੂਰ ਵਿੱਚ 64.63 ਫ਼ੀਸਦੀ ਵੋਟਿੰਗ ਹੋਈ ਏ।

------------------------------------------------------------

ਪੰਜਾਬ ਵਿਚ ਪਿਛਲੇ ਕਈ ਦਿਨਾਂ ਤੋਂ ਕਹਿਰ ਢਾ ਰਹੀ, ਝੁਲਸਾ ਦੇਣ ਵਾਲੀ ਗਰਮੀ ਹਾਲੇ ਜਾਰੀ ਏ। ਹਾਲਾਂਕਿ ਤਾਪਮਾਨ ਵਿਚ ਕੋਈ 2.2 ਡਿਗਰੀ ਸੈਲਸੀਅਸ ਦੀ ਕਮੀ ਜਰੂਰ ਆਈ ਏ। ਮੌਸਮ ਵਿਭਾਗ ਨੇ 5 ਜੂਨ ਤਕ ਕਈ ਜ਼ਿਲਿਆਂ ਵਿਚ, ਓਰੇਂਜ ਤੇ ਯੈਲੋ ਅਲਰਟ ਜਾਰੀ ਕਰਦਿਆਂ, ਹਨੇਰੀ ਝੱਖੜ ਤੇ ਗ਼ਰਜ਼ ਚਮਕ ਨਾਲ ਛਿੱਟੇ ਪੈਣ ਦੀ ਚੇਤਾਵਨੀ ਦਿੱਤੀ ਏ। ਤਕਰੀਬਨ 40 ਤੋਂ 50 ਕਿਲੋਮੀਟਰ ਪ੍ਰਤੀ ਘੰਟੇ ਦੀ ਰਫਤਾਰ ਨਾਲ ਤੇਜ਼ ਹਵਾਵਾਂ ਇਸ ਦੌਰਾਨ ਵੱਗ ਸਕਦੀਆਂ ਨੇ। ਸਵੇਰ ਤੋਂ ਹੀ ਵਗਦੇ ਲੂ ਦੇ ਥਪੇੜਿਆਂ ਨੇ ਹਰ ਕਿਸੇ ਨੂੰ ਪਰੇਸ਼ਾਨ ਕੀਤਾ

ਹੋਇਆ ਏ । ਗਰਮੀ ਨਾਲ ਆਮ ਜਨਜੀਵਨ ਵੀ ਬੁਰੀ ਤਰਾਂ ਨਾਲ ਪ੍ਰਭਾਵਤ ਹੋਇਆ ਏ । ਜਬਰਦਸਤ ਗਰਮੀ ਤੇ ਲੂ ਦੇ ਇਸ ਗੰਭੀਰ ਹਾਲਾਤ ਨੂੰ ਵੇਖਦਿਆਂ, ਕੌਮੀ ਆਫ਼ਤ ਪ੍ਰਬੰਧਨ ਅਥਾਰਿਟੀ ਨੇ ਲੋਕਾਂ ਨੂੰ ਪੂਰੀ ਸਾਵਧਾਨੀ ਵਰਤਣ ਦੀ ਸਲਾਹ ਦਿੱਤੀ ਏ।

---------------------------------------------------------

ਅੰਮ੍ਰਿਤਸਰ ਕੌਮਾਂਤਰੀ ਹਵਾਈ ਅੱਡੇ 'ਤੇ ਕਸਟਮ ਵਿਭਾਗ ਨੇ 174 ਗ੍ਰਾਮ ਸੋਨਾ ਬਰਾਮਦ ਕੀਤਾ ਏ । ਇਸ ਸੰਬੰਧੀ ਗੁਪਤ ਸੂਚਨਾ ਮਿਲਣ 'ਤੇ ਕਸਟਮ ਸਟਾਫ਼ ਨੇ ਕੁਆਲਾਲੰਪੁਰ ਤੋਂ ਆਈ, ਏਅਰ ਏਸ਼ੀਆ ਦੀ ਉਡਾਣ ਰਾਹੀ ਪਹੁੰਚੇ ਇਕ ਵਿਅਕਤੀ ਦੀ ਤਲਾਸ਼ੀ ਦੌਰਾਨ, ਉਸ ਕੋਲੋਂ 2 ਸੋਨੇ ਦੇ ਕੜੇ ਅਤੇ ਇਕ ਚੈਨ ਬਰਾਮਦ ਕੀਤੀ, ਜਿਨ੍ਹਾਂ ਦਾ ਕੁੱਲ ਵਜ਼ਨ 174 ਗ੍ਰਾਮ ਸੀ। ਇਸਦੀ ਕੀਮਤ ਕਰੀਬ 21 ਲੱਖ ਰੁਪਏ ਬਣਦੀ ਏ । ਕਸਟਮ ਵਿਭਾਗ ਨੇ ਸੋਨੇ ਨੂੰ ਜਬਤ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਏ ।

---------------------------------------------------------

ਭਾਰਤੀ ਰੇਲਵੇ ਕੈਟਰਿੰਗ ਅਤੇ ਟੂਰਿਜ਼ਮ ਕਾਰਪੋਰੇਸ਼ਨ IRCTC ਨੇ

ਚੰਡੀਗੜ੍ਹ ਤੋਂ ਅਯੁੱਧਿਆ ਧਾਮ ਯਾਤਰਾ ਭਾਰਤ ਗੌਰਵ ਵਿਸ਼ੇਸ਼ ਸੈਲਾਨੀ ਰੇਲਗੱਡੀ ਚਲਾਉਣ ਦਾ ਫੈਸਲਾ ਕੀਤਾ ਏ। ਇਸ ਵਿਚ 7 ਰਾਤਾਂ ਅਤੇ 8 ਦਿਨ ਸ਼ਾਮਲ ਨੇ। ਇਸ ਗੱਡੀ ਦੇ ਸਾਰੇ ਡੱਬੇ ਥਰਡ ਏਸੀ ਹੋਣਗੇ ਅਤੇ ਐਸ ਵਿਚ 2 ਸ਼੍ਰੇਣੀਆਂ ਰੱਖੀਆਂ ਗਈਆਂ ਨੇ। ਅਰਾਮ ਸ਼੍ਰੇਣੀ 'ਚ ਸਫ਼ਰ ਕਰਨ ਵਾਲੇ ਇਕੋ ਪਰਿਵਾਰ ਦੇ ਦੋ ਅਤੇ ਤਿੰਨ ਯਾਤਰੀਆਂ ਲਈ ਕਿਰਾਇਆ 22 ਹਜ਼ਾਰ 240 ਰੁਪਏ ਹੋਵੇਗਾ ਅਤੇ 5 ਤੋਂ 11 ਸਾਲ ਦੀ ਉਮਰ ਦੇ ਬੱਚੇ ਲਈ 20 ਹਜ਼ਾਰ 15 ਰੁਪਏ ਰੱਖਿਆ ਗਿਆ ਏ। ਸਟੈਂਡਰਡ ਕਲਾਸ 'ਚ ਦੋ ਅਤੇ ਤਿੰਨ ਯਾਤਰੀਆਂ ਨੂੰ 18 ਹਜ਼ਾਰ 520 ਰੁਪਏ ਦੇਣੇ ਹੋਣਗੇ।